ਦਫਤਰ:- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ,
ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)।
**E-mail Id : pwdmohali@gmail.com Tel. & Fax No. 0172-2226328**

ਵੱਲ,

The Principal,
Smart Wonders School,
Sector 71, S.A.S Nagar.

ਨੰ: 2768 ਮਿਤੀ: 02/04/24

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- **ਪ੍ਰਿੰਸੀਪਲ, Smart Wonders School, Sector 71, SAS Nagar ਦਾ ਪੱਤਰ ਨੰ. ਨਿੱਲ ਮਿਤੀ 11-03-2023**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ , ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਆਰਡਰ ਨੰ. 5/13/2018-3BR3/1294287/3 ਮਿਤੀ 10-08-2018 ਰਾਹੀਂ ਸਕੂਲ ਵੱਲੋਂ ਇਮਾਰਤ ਦੀ ਲੋੜੀਂਦੀ ਇੰਸਪੈਕਸ਼ਨ ਫੀਸ ਰੁਪਏ 15,000/-ਰੁਪਏ, ਜੀ.ਆਰ ਨੰ. 4300092 ਮਿਤੀ 22-03-2024 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਸਕੂਲ ਦੀ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ Er. Vikas Bhardwaj, ME (Civil), Chandigarh (M/s Continental Foundations) ਦੇ ਪੱਤਰ ਨੰ. ST/1510 ਮਿਤੀ 21-03-2024 ਅਤੇ ਉਪ ਮੰਡਲ ਇੰਜੀਨੀਅਰ ਦੀ ਸਬੰਧਤ ਰਿਪੋਰਟ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ 31-03-2025 ਤੱਕ ਇਸ ਸ਼ਰਤ ਤੇ ਜਾਰੀ ਕੀਤਾ ਜਾਂਦਾ ਹੈ ਕਿ ਇਹ ਸਕੂਲ, ਫਾਇਰ ਸੇਫਟੀ ਸਰਟੀਫਿਕੇਟ ਮਿਤੀ 16-01-2025 ਤੋਂ 31-03-2025 ਤੱਕ ਇਸ ਦਫਤਰ ਵਿੱਚ ਜਮ੍ਹਾਂ ਕਰਵਾਉਣਗੇ। ਜੇਕਰ ਉਕਤ ਸਮੇਂ ਦਾ ਫਾਇਰ ਸਰਟੀਫਿਕੇਟ ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਇਹ ਸੇਫਟੀ ਸਰਟੀਫਿਕੇਟ ਮਿਤੀ 15-01-2025 ਤੱਕ ਹੀ ਸਮਝਿਆ ਜਾਵੇਗਾ। ਬਾਕੀ ਦੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹਨ:-

1. ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸਤ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।
2. ਜੇ ਬਿਲਡਿੰਗ ਹੜ੍ਹਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈੱਕ ਕਰਵਾਇਆ ਜਾਵੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵੱਲੋਂ ਉਨ੍ਹਾਂ ਦੇ ਨੰ. NOC No. 2024-83637-Fire/62155 ਮਿਤੀ 15-01-2024 ਦੁਆਰਾ ਜਾਰੀ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਲਿਖਿਆ ਗਿਆ ਹੈ ਕਿ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਜੇ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।
5. ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਨੱਥੀ/-

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

**ਪਿੱਠ ਅੰਕਣ ਨੰ.** ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ , ਲੋ.ਨਿ.ਵਿਭਾਗ ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਨੂੰ ਉਨ੍ਹਾਂ ਦਾ ਪੱਤਰ ਨੰ. 105 ਮਿਤੀ 01-04-2024 ਦੇ ਹਵਾਲੇ ਵਿੱਚ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਨੱਥੀ/-

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।